ਸਫ਼ਾ ਇਕ ਦੀਆਂ ਬਾਕੀਆਂ...

ਪਿਛਲੀਆਂ ਚੋਣਾਂ ਦੇ ਮੁਕਾਬਲੇ ਵਰਤਮਾਨ ਚੋਣਾਂ ਦਾ ਢੰਗ ਤਰੀਕਾ ਵਖਰਾ ਤੇ ਨਿਵੇਕਲਾ

ਅਕਾਲੀ ਦਲ ਬਾਦਲ ਅਤੇ ਭਾਜਪਾ ਨੇ ਤਜਰਬੇਕਾਰ ਸਿਆਸਤਦਾਨਾ ਨੂੰ ਟਿਕਟਾਂ ਦੇਣ ਨੂੰ ਤਰਜੀਹ ਦਿੱਤੀ ਹੈ। ਇਸ ਸਮੇਂ ਪੰਜਾਬ ਦੀਆਂ 9 ਲੋਕ ਸਭਾ ਸੀਟਾਂ 'ਤੇ 5 ਕੈਬਿਨਟ ਮੰਤਰੀਆਂ ਅਤੇ 7 ਵਿਧਾਇਕਾਂ ਨੂੰ ਆਮ ਆਦਮੀ ਪਾਰਟੀ ਅਤੇ ਕਾਂਗਰਸ ਵਲੋਂ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਹੈ। ਇਸ ਵਾਰ ਗੁਰਦਾਸਪੁਰ ਜਿਲੇ 'ਚ ਕਿਸੇ ਵੀ ਫਿਲਮੀ ਸਿਤਾਰੇ ਦਾ ਗੇੜਾ ਨਹੀਂ ਲੱਗਾ, ਨਹੀਂ ਤਾਂ ਇਸ ਹਲਕੇ ਵਿੱਚ ਪਿਛਲੇ ਲਗਭਗ ਦੋ ਦਹਾਕਿਆਂ ਤੋਂ ਬਾਲੀਵੁੱਡ ਅਦਾਕਾਰ ਵਿਨੋਦ ਖੰਨਾ ਅਤੇ ਸੰਨੀ ਦਿਉਲ ਹੀ ਚੋਣਾ ਲੜਦੇ ਅਤੇ ਜਿੱਤਦੇ ਰਹੇ ਹਨ, ਜਦਕਿ ਉਹਨਾਂ ਦੀ ਹਮਾਇਤ ਵਿੱਚ ਕਈ ਫਿਲਮੀ ਕਲਾਕਾਰ ਵੀ ਹਾਜਰੀਆਂ ਭਰਦੇ ਰਹੇ ਹਨ।

ਚੋਣ ਕਮਿਸ਼ਨ ਦੇ ਨਿਯਮਾ ਮੁਤਾਬਿਕ ਆਪਣੀ ਜਾਇਦਾਦ ਦਾ ਵੇਰਵਾ ਦੇਣ ਦੀ ਸ਼ਰਤ ਮੁਤਾਬਿਕ ਬਠਿੰਡਾ ਹਲਕੇ ਤੋਂ ਬੀਬੀ ਹਰਸਿਮਰਤ ਕੌਰ ਬਾਦਲ ਦੀ ਕੁੱਲ ਸੰਪਤੀ 198.49 ਕਰੋੜ, ਪਟਿਆਲੇ ਤੋਂ ਭਾਜਪਾ ਉਮੀਦਵਾਰ ਮਹਾਰਾਣੀ ਪ੍ਰਨੀਤ ਕੌਰ 62.30 ਕਰੋੜ, ਆਨੰਦਪੁਰ ਸਾਹਿਬ ਤੋਂ ਕਾਂਗਰਸੀ ਉਮੀਦਵਾਰ ਵਿਜੈਇੰਦਰ ਸਿੰਗਲਾ 29.4 ਕਰੋੜ, ਲੁਧਿਆਣਾ ਤੋਂ ਕਾਂਗਰਸੀ ਉਮੀਦਵਾਰ ਅਮਰਿੰਦਰ ਸਿੰਘ ਰਾਜਾ ਵੜਿੰਗ 17.15 ਕਰੋੜ, ਖਡੂਰ ਸਾਹਿਬ ਹਲਕੇ ਤੋਂ 'ਆਪ' ਉਮੀਦਵਾਰ ਲਾਲਜੀਤ ਸਿੰਘ ਭੁੱਲਰ 9.15 ਕਰੋੜ, ਬਠਿੰਡਾ ਤੋਂ ਭਾਜਪਾ ਉਮੀਦਵਾਰ ਪਰਮਪਾਲ ਕੌਰ ਸਿੱਧੂ 7.85 ਕਰੋੜ, ਅੰਮ੍ਰਿਤਸਰ ਤੋਂ ਕਾਂਗਰਸੀ ਉਮੀਦਵਾਰ ਗੁਰਜੀਤ ਸਿੰਘ ਔਜਲਾ 5.34 ਕਰੋੜ, ਸੰਗਰੂਰ ਤੋਂ ਮਾਨ ਦਲ ਦੇ ਉਮੀਦਵਾਰ ਸਿਮਰਨਜੀਤ ਸਿੰਘ ਮਾਨ 4.94 ਕਰੋੜ, ਜਲੰਧਰ ਤੋਂ 'ਆਪ' ਉਮੀਦਵਾਰ ਪਵਨ ਟੀਨੂੰ 4.59 ਕਰੋੜ, ਗੁਰਦਾਸਪੁਰ ਤੋਂ ਅਕਾਲੀ ਉਮੀਦਵਾਰ ਦਲਜੀਤ ਸਿੰਘ ਚੀਮਾ 3.55 ਕਰੋੜ, ਅੰਮ੍ਰਿਤਸਰ ਤੋਂ 'ਆਪ' ਉਮੀਦਵਾਰ ਕੁਲਦੀਪ ਸਿੰਘ ਧਾਲੀਵਾਲ ਨੇ 2.10 ਕਰੋੜ ਦੀ ਕੁੱਲ ਸੰਪਤੀ ਦਰਜ ਕਰਵਾਈ। ਰਾਜਨੀਤੀ ਵਿੱਚ ਪਾਰਟੀ ਨੂੰ ਸੁਪਰੀਮ ਆਖਣ ਅਤੇ ਮੰਨਣ ਦਾ ਦਾਅਵਾ ਕਰਨ ਵਾਲਿਆਂ ਨੇ ਕਵਰਿੰਗ ਉਮੀਦਵਾਰ ਦੇ ਤੌਰ 'ਤੇ ਪਤੀ, ਪਤਨੀ, ਬੇਟੇ, ਬੇਟੀ, ਮਾਤਾ, ਪਿਤਾ ਜਾਂ ਨੇੜਲੇ ਰਿਸ਼ਤੇਦਾਰ 'ਤੇ ਭਰੋਸਾ ਕੀਤਾ, ਮਹਿਜ ਕੁਝ ਕੁ ਨੇ ਆਪਣੇ ਦੋਸਤ ਜਾਂ ਪਾਰਟੀ ਦੇ ਅਹੁਦੇਦਾਰਾਂ ਨੂੰ ਕਵਰਿੰਗ ਉਮੀਦਵਾਰ ਬਣਾਇਆ। ਪਾਰਲੀਮੈਂਟ ਵਿੱਚ ਤਿੰਨ ਵਾਰ ਦਾਖਲ ਹੋ ਚੁੱਕੇ ਹਰਸਿਮਰਤ ਕੌਰ ਬਾਦਲ, ਸਿਮਰਨਜੀਤ ਸਿੰਘ ਮਾਨ, ਪ੍ਰੇਮ ਸਿੰਘ ਚੰਦੂਮਾਜਰਾ ਅਤੇ ਰਵਨੀਤ ਸਿੰਘ ਬਿੱਟੂ ਚੌਥੀ ਵਾਰ ਜਿੱਤ ਦਾ ਚੌਕਾ ਮਾਰਨ ਦੀ ਆਸ ਵਿੱਚ, ਜਦਕਿ ਮਹਾਰਾਣੀ ਪ੍ਰਨੀਤ ਕੌਰ ਨੂੰ ਪੰਜਵੀਂ ਵਾਰ ਜਿੱਤ ਦੀ ਆਸ ਹੈ।

ਸਿਆਸੀ ਚੱਕਰਵਿਊ ਵਿੱਚ ਫਸੇ ਦਿੱਗਜ਼ ਸਿਆਸਤਦਾਨਾ ਦਰਮਿਆਨ ਪਹਿਲੀਵਾਰ ਪੰਜਾਬ ਦੀਆਂ ਸਾਰੀਆਂ ਸੀਟਾਂ 'ਤੇ ਚਹੁਕੋਨੇ ਜਾਂ ਬਹੁਕੋਨੇ ਮੁਕਾਬਲੇ ਦੇਖਣ ਨੂੰ ਮਿਲ ਰਹੇ ਹਨ। ਵਰਤਮਾਨ ਚੋਣਾ ਦੀ ਲੜਾਈ ਦਾ ਢੰਗ ਤਰੀਕਾ ਬਦਲਦਿਆਂ ਲਗਭਗ ਸਾਰੀਆਂ ਸਿਆਸੀ ਪਾਰਟੀਆਂ ਨੇ ਸੋਸ਼ਲ ਮੀਡੀਏ ਦੇ ਹਥਿਆਰ ਨਾਲ ਇਕ ਦੂਜੇ 'ਤੇ ਵਾਰ ਕੀਤੇ, ਜਿਸ ਵਿਚ ਲਗਭਗ ਸਾਰੀਆਂ ਪਾਰਟੀਆਂ ਦੇ ਪ੍ਰਧਾਨ ਅਤੇ ਮੂਹਰਲੀ ਕਤਾਰ ਦੇ ਆਗੂ ਵੀ ਸ਼ਾਮਲ ਰਹੇ। ਪਿਛਲੀਆਂ ਵਿਧਾਨ ਸਭਾ ਅਤੇ ਲੋਕ ਸਭਾ ਚੋਣਾ ਦੇ ਮੁਕਾਬਲੇ ਇਸ ਵਾਰ ਪ੍ਰਵਾਸੀ ਪੰਜਾਬੀਆਂ ਦੀ ਪੰਜਾਬ ਦੀਆਂ ਚੋਣਾ ਵਿੱਚ ਦਿਲਚਸਪੀ ਨਾ ਦੇ ਬਰਾਬਰ ਰਹੀ। ਖਡੂਰ ਸਾਹਿਬ ਅਤੇ ਫਰੀਦਕੋਟ ਹਲਕਿਆਂ ਤੋਂ ਕ੍ਰਮਵਾਰ ਅੰਮ੍ਰਿਤਪਾਲ ਸਿੰਘ ਅਤੇ ਸਰਬਜੀਤ ਸਿੰਘ ਮਲੋਆ ਦੇ ਆਉਣ ਨਾਲ ਦੋਨਾਂ ਹਲਕਿਆਂ ਦੇ ਸਮੀਕਰਨ ਬਦਲ ਗਏ ਤੇ ਉਹਨਾਂ ਮੁਕਾਬਲੇ ਚੋਣ ਲੜਨ ਵਾਲੇ ਉਮੀਦਵਾਰਾਂ ਦਾ ਚੋਣ ਗਣਿਤ ਅਚਾਨਕ ਵਿਗੜ ਗਿਆ।

ਹਰ ਰੋਜ਼ ਲੱਖਾਂ ਵੋਟਾਂ ਨਾਲ ਜਿੱਤ ਕੇ ਸੌਂਦੇ ਨੇ ਲੋਕ ਸਭਾ ਚੋਣ ਲੜ ਰਹੇ ਉਮੀਦਵਾਰ

ਪਿਛਲੇ ਦਿਨਾਂ ਤੋਂ ਤੂਫ਼ਾਨੀ ਤਰੀਕੇ ਨਾਲ ਚੋਣ ਪ੍ਰਚਾਰ ਵਿਚ ਲੱਗੇ ਇਹ ਉਮੀਦਵਾਰ ਹਰ ਰਾਤ ਲੱਖਾਂ ਵੋਟਾਂ ਦੀ ਲੀਡ ਨਾਲ ਜਿੱਤ ਕੇ ਸੌਂਦੇ ਹਨ। ਇਨ੍ਹਾਂ ਦੀ ਕਿਸਮਤ ਇਕ ਜੂਨ ਨੂੰ ਹਲਕੇ ਦੇ ਵੋਟਰ ਈਵੀਐਮ ਮਸ਼ੀਨਾਂ ਵਿਚ ਬੰਦ ਕਰਨਗੇ ਜਿਸ ਦਾ ਨਤੀਜਾ 4 ਜੂਨ ਨੂੰ ਸਾਹਮਣੇ ਆਵੇਗਾ।

ਦਸਣਯੋਗ ਹੈ ਕਿ ਪਿਛਲੇ 10 ਸਾਲ ਤੋਂ ਕਾਂਗਰਸ ਦੇ ਐਮਪੀ ਚੱਲੇ ਆ ਰਹੇ ਰਵਨੀਤ ਬਿੱਟੂ ਇਸ ਵਾਰ ਭਾਜਪਾ ਤੋਂ ਟਿਕਟ ਲੈ ਕੇ ਦਿੱਲੀ ਦੇ ਸੰਸਦ ਭਵਨ ਵਿਚ ਪਹੰਚਣ ਦੀ ਰੇਸ ਵਿਚ ਦੌੜ ਰਹੇ ਹਨ। ਪਿਛਲੀ ਵਾਰ 2019 ਵਿਚ ਹੋਈਆਂ ਚੋਣਾਂ ਦੌਰਾਨ ਬਿੱਟੂ ਨੂੰ 3 ਲੱਖ 83 ਹਜ਼ਾਰ 795 ਵੋਟਾਂ ਲੈ ਕੇ 76 ਹਜ਼ਾਰ 732 ਵੋਟਾਂ ਦੇ ਫ਼ਰਕ ਨਾਲ ਜੇਤੂ ਰਹੇ ਸਨ। ਜਦਕਿ 2022 ਦੀਆਂ ਵਿਧਾਨਸਭਾ ਚੋਣਾਂ ਵਿਚ ਭਾਜਪਾ ਨੂੰ ਜ਼ਿਲ੍ਹੇ ਦੇ 8 ਹਲਕਿਆਂ ਵਿਚ 1 ਲੱਖ 54 ਹਜ਼ਾਰ 385 ਵੋਟਾਂ ਮਿਲੀਆਂ ਸਨ। ਇਸੇ ਤਰ੍ਹਾਂ ਪਿਛਲੀ ਵਿਧਾਨ ਸਭਾ ਚੋਣਾਂ ਵਿਚ ਕਾਂਗਰਸ ਨੂੰ 9 ਹਲਕਿਆਂ ਵਿਚੋਂ 2 ਲੱਖ 61 ਹਜ਼ਾਰ 606 ਵੋਟਾਂ ਮਿਲੀਆਂ ਸਨ। ਆਮ ਆਦਮੀ ਪਾਰਟੀ ਨੇ 9 ਵਿਚੋਂ 8 ਹਲਕਿਆਂ ਵਿਚੋਂ ਜਿੱਤ ਹਾਸਲ ਕੀਤੀ ਸੀ। ਉਸਨੂੰ ਕੁਲ 4 ਲੱਖ 41 ਹਜ਼ਾਰ 815 ਵੋਟਾਂ ਮਿਲੀਆਂ ਸਨ। ਇਸੇ ਤਰ੍ਹਾਂ ਅਕਾਲੀ ਦਲ ਨੂੰ ਪਿਛਲੀਆਂ ਵਿਧਾਨ ਸਭਾ ਚੋਣਾਂ ਵਿਚ 1 ਲੱਖ 73 ਹਜ਼ਾਰ 978 ਵੋਟਾਂ ਪਈਆਂ ਸਨ। ਜੇਕਰ 27 ਮਹੀਨੇ ਪਹਿਲਾਂ ਹੋਈਆਂ ਚੋਣਾਂ ਨੂੰ ਹੀ ਇਨ੍ਹਾਂ ਚਾਰੇ ਪਾਰਟੀਆਂ ਦਾ ਬੇਸ ਵੋਟ ਬੈਂਕ ਮੰਨ ਕੇ ਚੱਲੀਏ ਤਾਂ ਆਮ ਆਦਮੀ ਪਾਰਟੀ ਹੀ ਇਕ ਨੰਬਰ ਤੇ ਦਿਖ ਰਹੀ ਹੈ ਪਰੰਤੂ ਉਸ ਨੂੰ ਐਂਟੀ ਇਨਕੰਮਬੈਂਸੀ ਫੈਕਟਰ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਹੁਣ ਫ਼ੈਸਲਾ ਹਲਕੇ ਦੇ ਵੋਟਰਾਂ ਦੇ ਹੱਥ ਵਿਚ ਹੈ ਕਿ ਉਹ ਕਿਸ ਦੇ ਸਿਰ 'ਤੇ ਐਮਪੀ ਵਾਲਾ ਤਾਜ ਸਜਾਉਣਗੇ।

ਇਕ ਵੀ ਰਾਸ਼ਨ ਕਾਰਡ ਨਹੀਂ ਹੋਵੇਗਾ ਰੱਦ, ਅਸੀਂ ਤਾਂ ਹੋਰ ਨਵੇਂ ਰਾਸ਼ਨ ਕਾਰਡ ਬਣਾਉਣ ਦੀ ਤਿਆਰੀ 'ਚ ਹਾਂ : ਭਗਵੰਤ ਮਾਨ

ਦੋਸ਼ ਨਹੀਂ ਲਗਾ ਸਕਦਾ। ਉਨ੍ਹਾਂ ਕਿਹਾ ਕਿ ਉਹ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ, ਲੋਕਾਂ ਨੂੰ ਮੁਫਤ ਬਿਜਲੀ ਦੇ ਰਹੇ ਹਨ, ਸਕੂਲ ਅਤੇ ਹਸਪਤਾਲ ਬਣਾ ਰਹੇ ਹਨ। ਉਨ੍ਹਾਂ ਨੇ ਪੰਜਾਬ ਲਈ ਇੱਕ ਥਰਮਲ ਪਾਵਰ ਪਲਾਂਟ ਵੀ ਖਰੀਦਿਆ ਹੈ। ਸਿਰਫ ਪੰਜਾਬ ਵਿਰੋਧੀ ਅਤੇ ਭ੍ਰਿਸਟ ਤਾਕਤਾਂ ਹੀ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ, ਇਨ੍ਹਾਂ ਤੋਂ ਸੁਚੇਤ ਰਹਿਣਾ ਚਾਹੀਦਾ ਹੈ। ਮਾਨ ਨੇ ਕਿਹਾ ਕਿ ਉਹ (ਦੂਸਰੀਆਂ ਪਾਰਟੀਆਂ) ਵੀ ਵੋਟਾਂ ਲਈ ਪੈਸੇ ਵੰਡਣਗੀਆਂ, "ਪੈਸੇ ਲੈਣ ਤੋਂ ਇਨਕਾਰ ਨਾ ਕਰਿਓ"। ਪਰ ਪੈਸੇ ਲੈ ਕੇ ਆਪਣੀ ਮਰਜੀ ਅਨੁਸਾਰ ਅਤੇ ਆਪਣੇ ਬੱਚਿਆਂ ਦੇ ਉੱਜਵਲ ਭਵਿੱਖ ਲਈ ਹੀ ਵੋਟ ਪਾਓ। ਮਾਨ ਨੇ ਲੋਕਾਂ ਨੂੰ ਵੋਟ ਪਾਉਣ ਦੀ ਅਪੀਲ ਕੀਤੀ ਅਤੇ ਵਾਅਦਾ ਕੀਤਾ ਕਿ ਪਹਿਲੀ ਜੂਨ ਤੋਂ ਬਾਅਦ ਸਭ ਕੁਝ ਉਨ੍ਹਾਂ ਦੀ ਜ਼ਿੰਮੇਵਾਰੀ ਹੋਵੇਗੀ।

ਭਗਵੰਤ ਮਾਨ ਨੇ ਪਟਿਆਲਾ ਦੇ ਕੈਪਟਨ ਪਰਿਵਾਰ 'ਤੇ ਵੀ ਚੁਟਕੀ ਲੈਂਦਿਆਂ ਕਿਹਾ ਕਿ ਮੁਗਲ ਸਾਮਰਾਜ ਦੌਰਾਨ ਉਨ੍ਹਾਂ ਦਾ ਪਰਿਵਾਰ ਮੁਗਲਾਂ ਦੇ ਨਾਲ ਸੀ, ਅੰਗਰੇਜਾਂ ਦੇ ਰਾਜ ਦੌਰਾਨ ਉਹ ਅੰਗਰੇਜਾਂ ਨਾਲ ਰਲ ਗਏ ਸਨ, ਅਕਾਲੀ ਸਰਕਾਰ ਦੇ ਸਮੇਂ ਉਹ ਅਕਾਲੀ ਸਨ ਅਤੇ ਕਾਂਗਰਸ ਦੇ ਰਾਜ ਦੌਰਾਨ ਉਹ ਕਾਂਗਰਸ 'ਚ ਸਨ। ਹੁਣ ਭਾਜਪਾ ਦੀ ਸਰਕਾਰ ਹੈ, ਇਸ ਲਈ ਕੈਪਟਨ ਅਮਰਿੰਦਰ ਸਿੰਘ ਅਤੇ ਉਨ੍ਹਾਂ ਦਾ ਪਰਿਵਾਰ ਭਾਜਪਾ ਵਿੱਚ ਸਾਮਲ ਹੋ ਗਿਆ। ਮਾਨ ਨੇ ਕਿਹਾ ਕਿ ਉਨ੍ਹਾਂ ਨੇ ਕਦੇ ਵੀ ਲੋਕਾਂ ਦਾ ਸਾਥ ਨਹੀਂ ਦਿੱਤਾ ਅਤੇ ਨਾ ਹੀ ਕਦੇ ਆਮ ਲੋਕਾਂ ਲਈ ਕੁਝ ਕੀਤਾ ਹੈ।

ਭਗਵੰਤ ਮਾਨ ਨੇ 'ਆਪ' ਦੇ ਰੋਡ ਸੋਅ 'ਚ ਵੱਡੀ ਗਿਣਤੀ 'ਚ ਸਾਮਿਲ ਹੋਣ 'ਤੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਦਾ ਪਿਆਰ ਅਤੇ ਸਮਰਥਨ ਉਨ੍ਹਾਂ ਨੂੰ ਥੱਕਣ ਨਹੀਂ ਦਿੰਦਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ 'ਆਪ' ਉਮੀਦਵਾਰ ਡਾ. ਬਲਬੀਰ ਸਿੰਘ ਨੂੰ ਭਾਰੀ ਵੋਟਾਂ ਨਾਲ ਜਿਤਾ ਕੇ ਸੰਸਦ ਵਿੱਚ ਭੇਜਣ। ਉਨ੍ਹਾਂ ਕਿਹਾ ਕਿ ਭਾਜਪਾ ਵਾਲੇ ਮੋਦੀ ਦੀ ਰੈਲੀ ਵਿੱਚ ਭੀੜ ਦਿਖਾਉਣ ਲਈ 400 ਰੁਪਏ ਪ੍ਰਤੀ ਵਿਅਕਤੀ ਦਿਹਾੜੀ 'ਤੇ ਲੋਕ ਲੈ ਕੇ ਆਏ ਸਨ ਅਤੇ ਬਾਅਦ ਵਿੱਚ ਉਨ੍ਹਾਂ ਲੋਕਾਂ ਨੂੰ ਪੈਸੇ ਦੇਣ ਤੋਂ ਇਨਕਾਰ ਕਰ ਦਿਤਾ। ਇਸ ਦੌਰਾਨ ਭਗਵੰਤ ਮਾਨ ਨੇ ਆਪਣੀ ਮਸਹੂਰ ਕਿੱਕਲੀ-2 ਵੀ ਸੁਣਾਈ।

ਬਹਿਬਲਕਲਾਂ ਗੋਲੀਕਾਂਡ ਕੇਸ ਦੀ ਸੁਣਵਾਈ ਪੰਜਾਬ ਤੋਂ ਬਾਹਰ ਤਬਦੀਲ

ਕਿ ਚਰਨਜੀਤ ਸਿੰਘ ਸ਼ਰਮਾ ਨੂੰ ਢੁੱਕਵੀਂ ਸੁਰੱਖਿਆ ਮੁਹਈਆ ਕਰਵਾਈ ਹੋਈ ਹੈ ਅਤੇ ਜੇਕਰ ਟਰਾਇਲ ਪੰਜਾਬ ਤੋਂ ਬਾਹਰ ਤਬਦੀਲ ਕੀਤਾ ਜਾਂਦਾ ਹੈ ਤਾਂ ਗਵਾਹ ਭੁਗਤਾਉਣੇ ਮੁਸ਼ਕਲ ਹੋਣਗੇ। ਇਸ ਮਾਮਲੇ ਵਿਚ ਅੱਗੇ ਵੀ ਬਹਿਸ ਚੱਲੀ ਸੀ ਤੇ ਹੁਣ ਜਸਟਿਸ ਸੰਦੀਪ ਮੌਦਗਿਲ ਦੇ ਬੈਂਚ ਨੇ ਫ਼ੈਸਲਾ ਰਾਖਵਾਂ ਰੱਖ ਲਿਆ ਸੀ, ਜਿਹੜਾ ਕਿ ਸ਼ੁਕਰਵਾਰ ਨੂੰ ਸੁਣਾਇਆ ਗਿਆ ਅਤੇ ਟਰਾਇਲ ਪੰਜਾਬ ਤੋਂ ਬਾਹਰ ਚੰਡੀਗੜ੍ਹ ਤਬਦੀਲ ਕਰਨ ਦਾ ਹੁਕਮ ਦੇ ਦਿਤਾ ਗਿਆ।

ਸ਼ਫ਼ਾ ਤਿੰਨ ਦੀਆਂ ਬਾਕੀਆਂ...

ਪੰਜਾਬ 'ਚੋਂ ਡਰ ਤੇ ਸਹਿਮ ਦਾ ਮਾਹੌਲ ਖ਼ਤਮ ਕਰਨ ਲਈ ਭਾਜਪਾ ਨੂੰ ਵੋਟ ਪਾਈ ਜਾਵੇ : ਜਾਖੜ

ਸਮੱਸਿਆਵਾਂ ਨੂੰ ਹੱਲ ਕਰਨ ਲਈ ਸੂਬੇ 'ਚ ਇਕ ਮਜ਼ਬੂਤ ਲੀਡਰਸ਼ਿਪ ਦੀ ਲੋੜ ਹੈ, ਜੋ ਸਿਰਫ਼ ਭਾਜਪਾ ਤੇ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ 'ਚ ਹੀ ਸੰਭਵ ਹੈ, ਕਿਉਂਕਿ ਜੋ ਵੀ ਭਾਜਪਾ ਜਾਂ ਪ੍ਰਧਾਨ ਮੰਤਰੀ ਮੋਦੀ ਕਹਿੰਦੇ ਨੇ ਉਹ ਕਰ ਕੇ ਵਿਖਾਉਂਦੇ। ਇਸੇ ਤਰ੍ਹਾਂ ਜੇਕਰ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਐਮਐਸਪੀ ਉੱਤੇ ਫ਼ਸਲਾਂ ਖ਼ਰੀਦੀਆਂ ਜਾਣਗੀਆਂ, ਤਾਂ ਫ਼ਸਲਾਂ ਦਾ ਇਕ-ਇਕ ਦਾਣਾ ਖ਼ਰੀਦਿਆ ਗਿਆ।

ਪੰਜਾਬ ਦੇ ਚੋਣ ਮੈਦਾਨ 'ਚੋਂ ਗ਼ਾਇਬ ਰਹੇ ਸਿੱਧੂ

ਕਰਦੇ ਰਹੇ। ਲੋਕ ਸਭਾ ਚੋਣਾਂ ਲਈ ਚੋਣ ਜ਼ਾਬਤਾ ਲਾਗੂ ਹੋਣ ਤੋਂ ਠੀਕ ਪਹਿਲਾਂ ਨਵਜੋਤ ਸਿੰਘ ਸਿੱਧੂ 15 ਮਾਰਚ ਨੂੰ ਰਾਜਪਾਲ ਨੂੰ ਮਿਲਣ ਲਈ ਅਪਣੇ ਧੜੇ ਦੇ ਆਗੂਆਂ ਸਮੇਤ ਚੰਡੀਗੜ੍ਹ ਪੁੱਜੇ ਸਨ। ਇਸ ਦੌਰਾਨ ਜਦੋਂ ਮੀਡੀਆ ਨੇ ਉਨ੍ਹਾਂ ਤੋਂ ਲੋਕ ਸਭਾ ਚੋਣਾਂ ਨੂੰ ਲੈ ਕੇ ਸਵਾਲ ਪੁੱਛੇ ਤਾਂ ਉਨ੍ਹਾਂ ਸਪੱਸ਼ਟ ਕਹਿ ਦਿਤਾ ਕਿ ਉਹ ਲੋਕ ਸਭਾ ਚੋਣ ਨਹੀਂ ਲੜਨਗੇ। ਉਹ ਪੰਜਾਬ ਵਿਚ ਰਹਿ ਕੇ ਪੰਜਾਬ ਦੀ ਸੇਵਾ ਕਰਨਾ ਚਾਹੁੰਦੇ ਹਨ।

ਨਵਜੋਤ ਸਿੰਘ ਸਿੱਧੂ ਨੇ ਇਸ ਸਾਲ ਜਨਵਰੀ ਤੋਂ ਹੀ ਪਾਰਟੀ ਤੋਂ ਦੂਰੀ ਬਣਾ ਲਈ ਸੀ। 9 ਜਨਵਰੀ ਨੂੰ ਜਦੋਂ ਪੰਜਾਬ ਕਾਂਗਰਸ ਦੇ ਨਵੇਂ ਇੰਚਾਰਜ ਦੇਵੇਂਦਰ ਯਾਦਵ ਚੰਡੀਗੜ੍ਹ ਆਏ ਤਾਂ ਉਨ੍ਹਾਂ ਦੀਆਂ ਮੀਟਿੰਗਾਂ ਵਿਚ ਸ਼ਾਮਲ ਨਹੀਂ ਹੋਏ। ਹਾਲਾਂਕਿ ਸਿੱਧੂ ਨੇ ਚੰਡੀਗੜ੍ਹ ਦੇ ਹੋਟਲ 'ਚ ਜਾ ਕੇ ਪਾਰਟੀ ਇੰਚਾਰਜ ਨਾਲ ਮੁਲਾਕਾਤ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਹੁਸ਼ਿਆਰਪੁਰ ਅਤੇ ਮੋਗਾ 'ਚ ਰੈਲੀਆਂ ਕੀਤੀਆਂ ਪਰ ਪਾਰਟੀ ਨੇ ਉਨ੍ਹਾਂ ਦੀ ਮੋਗਾ ਰੈਲੀ ਦੇ ਪ੍ਰਬੰਧਕਾਂ 'ਤੇ ਕਾਰਵਾਈ ਕਰਦਿਆਂ ਉਨ੍ਹਾਂ ਨੂੰ ਪਾਰਟੀ 'ਚੋਂ ਕੱਢ ਦਿਤਾ ਸੀ।

ਨਕੋਦਰ ਤੋਂ 'ਆਪ' ਵਿਧਾਇਕਾ ਇੰਦਰਜੀਤ ਕੌਰ ਮਾਨ ਦੇ ਪਤੀ ਦਾ ਦਿਹਾਂਤ

ਚੋਣ ਜਿਤਾਉਣ 'ਚ ਉਨ੍ਹਾਂ ਦੇ ਪਤੀ ਸ਼ਰਨਜੀਤ ਸਿੰਘ ਮਾਨ ਨੇ ਅਹਿਮ ਭੂਮਿਕਾ ਨਿਭਾਈ। ਮਾਨ ਪਰਵਾਰ ਦੀ ਨਕੋਦਰ ਅਤੇ ਆਸ-ਪਾਸ ਦੇ ਇਲਾਕਿਆਂ 'ਤੇ ਮਜ਼ਬੂਤ ਪਕੜ ਹੈ, ਜਿਸ ਕਾਰਨ ਆਮ ਆਦਮੀ ਪਾਰਟੀ ਨੂੰ ਕਾਫ਼ੀ ਫ਼ਾਇਦਾ ਹੋ ਰਿਹਾ ਹੈ। ਪਰ ਲੋਕ ਚੋਣਾਂ ਤੋਂ ਦੋ ਦਿਨ ਪਹਿਲਾਂ ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ ਦੇ ਪਤੀ ਸ਼ਰਨਜੀਤ ਸਿੰਘ ਮਾਨ ਦੀ ਮੌਤ ਹੋ ਜਾਣ ਕਾਰਨ ਨਕੋਦਰ ਇਲਾਕੇ 'ਚ ਆਮ ਆਦਮੀ ਪਾਰਟੀ ਦੇ ਆਗੂਆਂ 'ਚ ਸੋਗ ਦੀ ਲਹਿਰ ਹੈ।

ਕਿਸਾਨ ਦੀ ਮੌਤ ਮਾਮਲੇ 'ਚ ਪ੍ਰਨੀਤ ਕੌਰ ਦੇ ਸਮਰਥਕ ਹਰਪਾਲਪੁਰ ਨੂੰ ਹਾਈ ਕੋਰਟ ਤੋਂ ਮਿਲੀ ਜ਼ਮਾਨਤ

ਕਿਸਾਨ ਸੁਰਿੰਦਰਪਾਲ ਆਕੜੀ ਦੀ ਮੌਤ ਹੋ ਗਈ ਸੀ। ਜਿਸ ਲਈ ਉਸ ਮੌਕੇ ਪ੍ਰਨੀਤ ਕੌਰ ਦੇ ਨਾਲ ਮੌਜੂਦ ਹਰਵਿੰਦਰ ਹਰਪਾਲਪੁਰ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ, ਕਿਸਾਨ ਜਥੇਬੰਦੀਆਂ ਦੀ ਮੰਗ ਅਤੇ ਮ੍ਰਿਤਕ ਦੇ ਭਤੀਜੇ ਦੀ ਸ਼ਿਕਾਇਤ 'ਤੇ ਧਾਰਾ 304 ਤਹਿਤ 5 ਮਈ ਨੂੰ ਕੇਸ ਦਰਜ ਕੀਤਾ ਗਿਆ ਸੀ। ਹਰਪਾਲਪੁਰ ਨੇ ਜਦੋਂ ਆਪਣੀ ਜਮਾਨਤ ਲਈ ਪਟਿਆਲਾ ਵਿਖੇ ਅਰਜ਼ੀ ਪਾਈ, ਤਾਂ 28 ਮਈ ਨੂੰ ਖਾਰਜ਼ ਹੀ ਗਈ ਸੀ ਇਸ ਮਗਰੋਂ ਉਸ ਨੇ 30 ਮਈ ਨੂੰ ਅਪਣੇ ਵਕੀਲ ਪ੍ਰੀਤਇੰਦਰ ਸਿੰਘ ਆਹਲੂਵਾਲੀਆ ਰਾਹੀਂ ਹਾਈ ਕੋਰਟ ਵਿਚ ਜ਼ਮਾਨਤ ਲਈ ਅਰਜ਼ੀ ਦਾਇਰ ਕੀਤੀ। ਜਿਸ 'ਤੇ ਹਾਈ ਕੋਰਟ ਦੇ ਜਸਟਿਸ ਕਰਮਜੀਤ ਸਿੰਘ ਦੀ ਅਗਵਾਈ ਹੇਠਲੀ ਅਦਾਲਤ ਨੇ ਹਰਵਿੰਦਰ ਹਰਪਾਲਪੁਰ ਨੂੰ ਤਫ਼ਤੀਸ਼ ਵਿਚ ਸ਼ਾਮਲ ਹੋਣ ਦੀ ਸ਼ਰਤ ਦੇ ਅਧਾਰ 'ਤੇ ਅੱਜ ਅਗਾਊਂ ਜ਼ਮਾਨਤ ਦੇ ਦਿਤੀ।

ਕੁਲਦੀਪ ਧਾਲੀਵਾਲ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ

ਲਈ ਅੱਜ ਉਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਏ ਹਨ। ਧਾਲੀਵਾਲ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਇੰਡਸਟਰੀ ਨੂੰ ਦੁਬਾਰਾ ਬਹਾਲ ਕਰਨਾ ਅਤੇ ਕੇ